**ਦਫ਼ਤਰ ਡਾਇਰੈਕਟਰ ਐੱਸ.ਸੀ.ਈ.ਆਰ.ਟੀ. ਪੰਜਾਬ**

**ਬਲਾਕ-ਈ. ਪੀ.ਐੱਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਛੇਵੀਂ ਮੰਜ਼ਿਲ, ਫੇਜ਼-8, ਮੋਹਾਲੀ**

Phone No. 0172-2212221 e-mail: directorscert@yahoo.in

---

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
2. ਸਮੂਹ ਸਕੂਲ ਮੁਖੀ (ਮਿਡਲ/ਹਾਈ/ਸੀਨੀਅਰ ਸੈਕੰਡਰੀ)।

ਮੀਮੋ ਨੰ: SCERT-TRG02/4/2020/86200/05

ਮਿਤੀ: 11-1-2021

**ਵਿਸ਼ਾ:- ਸਿੱਖਿਆ ਵਿਭਾਗ ਵੱਲੋਂ ਚਲਾਏ ਜਾ ਰਹੇ ਉਡਾਣ ਪ੍ਰਾਜੈਕਟ/ਵਰਡ ਆਫ ਦ ਡੇਅ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਸਕੂਲ ਸਿੱਖਿਆ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਆਮ ਗਿਆਨ ਵਿੱਚ ਵਾਧਾ ਕਰਨ ਦੇ ਮਨੋਰਥ ਨਾਲ ਉਡਾਣ ਪ੍ਰਾਜੈਕਟ/ਵਰਡ ਆਫ ਦ ਡੇਅ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ, ਨੌਵੀਂ ਤੋਂ ਦਸਵੀਂ ਜਮਾਤ ਅਤੇ ਗਿਆਰ੍ਹਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਹਰ ਰੋਜ ਸੀਟਾਂ/ਵਰਡ ਆਫ ਦ ਡੇਅ ਦੀਆਂ ਸਲਾਈਡਜ਼ ਭੇਜੀਆਂ ਜਾ ਰਹੀਆਂ ਹਨ। ਇਸ ਪ੍ਰਾਜੈਕਟ ਨੂੰ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਵੀ ਭਰਪੂਰ ਹੁੰਗਾਰਾ ਮਿਲਿਆ ਹੈ।

3.0 ਪਿਛਲੇ ਦਿਨੀਂ ਸਕੂਲ ਮੁਖੀਆਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨਾਲ ਹੋਈ ਗੱਲਬਾਤ ਦੌਰਾਨ ਪ੍ਰਾਪਤ ਹੋਏ ਸੁਝਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਡਾਣ ਪ੍ਰਾਜੈਕਟ ਅਤੇ ਵਰਡ ਆਫ ਦ ਡੇਅ ਨੂੰ ਸਲਾਨਾ ਪ੍ਰੀਖਿਆਵਾਂ ਤੱਕ ਮੁਲਤਵੀ ਕੀਤਾ ਜਾਂਦਾ ਹੈ, ਤਾਂ ਜੋ ਵਿਦਿਆਰਥੀ ਅਤੇ ਅਧਿਆਪਕ ਸਲਾਨਾ ਪ੍ਰੀਖਿਆਵਾਂ ਵੱਲ ਪੂਰਾ ਧਿਆਨ ਦੇ ਸਕਣ। ਮੀਟਿੰਗ ਦੌਰਾਨ ਇਹ ਵੀ ਸੁਝਾਅ ਪ੍ਰਾਪਤ ਹੋਇਆ ਹੈ ਕਿ ਉਡਾਣ ਪ੍ਰਾਜੈਕਟ ਅਤੇ ਵਰਡ ਆਫ ਦ ਡੇਅ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਵਿੱਚ ਬਹੁਤ ਹੀ ਲਾਹੇਵੰਦ ਸਾਬਿਤ ਹੋਏ ਹਨ ਅਤੇ ਪਿਛਲੇ ਸਾਲ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਕੀਤੀ ਗਈ ਮਿਹਨਤ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਦੇ ਮੁਕਾਬਲੇ ਅਪ੍ਰੈਲ ਦੇ ਪਹਿਲੇ ਹਫ਼ਤੇ ਵਿੱਚ ਕਰਵਾਏ ਜਾਣ।

4.0 ਪ੍ਰਾਪਤ ਹੋਏ ਸੁਝਾਵਾਂ ਦੇ ਮੱਦੇਨਜ਼ਰ ਇਹ ਫੈਸਲਾ ਕੀਤਾ ਗਿਆ ਹੈ ਕਿ ਉਡਾਣ ਪ੍ਰਾਜੈਕਟ ਅਤੇ ਵਰਡ ਆਫ ਦ ਡੇਅ ਤਹਿਤ ਵਿਦਿਆਰਥੀਆਂ ਦੀ ਤਿਆਰੀ ਲਈ ਅਪ੍ਰੈਲ ਮਹੀਨੇ ਦੇ ਪਹਿਲੇ ਸ਼ਨੀਵਾਰ ਮਿਤੀ 03.04.2021 ਨੂੰ ਪਹਿਲਾ ਮੌਕ-ਟੈਸਟ ਕਰਵਾਇਆ ਜਾਵੇਗਾ ਅਤੇ ਇਸੇ ਤਰ੍ਹਾਂ ਅਪ੍ਰੈਲ ਮਹੀਨੇ ਦੇ ਤੀਜੇ ਸ਼ਨੀਵਾਰ ਮਿਤੀ 17.04.2021 ਨੂੰ ਦੂਜਾ ਮੌਕ-ਟੈਸਟ ਕਰਵਾਇਆ ਜਾਵੇਗਾ। ਫਾਈਨਲ ਮੁਕਾਬਲਾ ਅਪ੍ਰੈਲ ਮਹੀਨੇ ਦੇ ਚੌਥੇ ਸ਼ਨੀਵਾਰ ਮਿਤੀ 24.04.2021 ਨੂੰ ਕਰਵਾਇਆ ਜਾਵੇਗਾ।

11/1/21

**ਡਾਇਰੈਕਟਰ ਐੱਸ.ਸੀ.ਈ.ਆਰ.ਟੀ.**

**ਪੰਜਾਬ**